# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

**08:30**

**ਮਿਤੀ :16-08-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸੰਸਦ ਅਤੇ ਰਾਜ ਵਿਧਾਨ ਸਭਾਵਾਂ ਵਿੱਚ ਔਰਤਾਂ ਲਈ ਰਾਖਵਾਂਕਰਨ ਲਾਗੂ ਕਰਨ ਲਈ ਸਾਰੀਆਂ ਸਿਆਸੀ ਪਾਰਟੀਆਂ ਨੂੰ ਸਹਿਯੋਗ ਕਰਨ ਦੀ ਅਪੀਲ ਕੀਤੀ ਏ।

- ਪ੍ਰਧਾਨ ਮੰਤਰੀ ਨੇ ਗਰੀਬ ਅਤੇ ਮੱਧ ਵਰਗੀ ਪਰਿਵਾਰਾਂ ਦੇ ਵਿਦਿਆਰਥੀਆਂ ਲਈ ਮੁਫ਼ਤ ਔਨਲਾਈਨ ਕੋਚਿੰਗ ਦਾ ਐਲਾਨ ਕੀਤਾ। ਅਗਲੇ ਇੱਕ ਸਾਲ ਵਿੱਚ, ਇੱਕ ਕਰੋੜ ਨੌਜਵਾਨਾਂ ਨੂੰ ARTIFICIAL INTELLIGENCE ਦੀ ਸਿਖਲਾਈ ਦਿੱਤੀ ਜਾਵੇਗੀ।

- ਸਿਧੇ ਟੈਕਸਾਂ ਬਾਰੇ ਕੇਂਦਰੀ ਬੋਰਡ, CBDT ਨੇ ਛੋਟੇ ਕਰਦਾਤਾਵਾਂ ਲਈ, ''ਵਿਦੇਸ਼ੀ ਸੰਪਤੀ ਖੁਲਾਸਾ ਯੋਜਨਾ'' ਨਿਯਮ, 2026 ਨੋਟੀਫਾਈ ਕੀਤੇ ਨੇ।

- ਦੇਸ਼ ਅੱਜ ਸਾਬਕਾ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਨੂੰ ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਭੇਂਟ ਕਰ ਰਿਹਾ ਏ।

- ਨੈਸ਼ਨਲ ਟੈਸਟਿੰਗ ਏਜੰਸੀ, NTA ਅੱਜ UGC-NET ਜੂਨ 2026, CSIR-NET ਅਤੇ ICAR ਦਾਖਲਾ ਪ੍ਰੀਖਿਆ ਲਈ, ਆਰਜ਼ੀ ਉੱਤਰ ਕੁੰਜੀਆਂ ਜਾਰੀ ਕਰੇਗੀ।

***ਹੁਣ ਖਬਰਾਂ ਵਿਸਥਾਰ ਨਾਲ***

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਾਰੀਆਂ ਰਾਜਨੀਤਿਕ ਪਾਰਟੀਆਂ ਨੂੰ ਸੰਸਦ ਅਤੇ ਰਾਜ ਵਿਧਾਨ ਸਭਾਵਾਂ ਵਿੱਚ ਔਰਤਾਂ ਲਈ ਰਾਖਵਾਂਕਰਨ ਲਾਗੂ ਕਰਨ ਦੇ ਮੁੱਦੇ ਨੂੰ ਰਾਜਨੀਤਿਕ ਲੜਾਈ ਨਾ ਬਣਾਉਣ ਦੀ ਅਪੀਲ ਕੀਤੀ ਏ। ਆਜ਼ਾਦੀ ਦਿਵਸ ਦੇ ਮੌਕੇ 'ਤੇ ਲਾਲ ਕਿਲ੍ਹੇ ਦੀ ਫਸੀਲ ਤੋਂ ਰਾਸ਼ਟਰ ਨੂੰ ਸੰਬੋਧਨ ਕਰਦਿਆਂ, ਪ੍ਰਧਾਨ ਮੰਤਰੀ ਨੇ ਕਿਹਾ ਕਿ ਸਾਰੀਆਂ ਪਾਰਟੀਆਂ ਨੂੰ ਅੱਗੇ ਆਉਣਾ ਚਾਹੀਦਾ ਏ ਅਤੇ ਔਰਤਾਂ ਦਾ ਸਨਮਾਨ ਕਰਦਿਆਂ, ਇਹ

ਯਕੀਨੀ ਬਣਾਉਣਾ ਚਾਹੀਦਾ ਏ ਕਿ, ਔਰਤਾਂ ਨੂੰ ਲੋਕ ਸਭਾ ਅਤੇ ਰਾਜ ਵਿਧਾਨ ਸਭਾਵਾਂ ਵਿੱਚ ਜਲਦੀ ਤੋਂ ਜਲਦੀ 33 ਫ਼ੀਸਦੀ ਨੁਮਾਇੰਦਗੀ ਮਿਲੇ।

**BYTE: PM WOMEN**

ਪ੍ਰਧਾਨ ਮੰਤਰੀ ਨੇ ਕਿਹਾ ਕਿ ਦੇਸ਼ ਦੀਆਂ ਨੀਤੀਆਂ ਨੂੰ ਆਕਾਰ ਦੇਣ ਵਿੱਚ ਔਰਤਾਂ ਦੀ ਮਹੱਤਵਪੂਰਨ ਭੂਮਿਕਾ ਏ ਅਤੇ ਉਨ੍ਹਾਂ ਨੂੰ ਇਸ ਵਿੱਚ ਬਰਾਬਰ ਦੇ ਮੌਕੇ ਦਿੱਤੇ ਜਾਣੇ ਚਾਹੀਦੇ ਨੇ। ਉਨ੍ਹਾਂ ਸਾਰੀਆਂ ਸਿਆਸੀ ਪਾਰਟੀਆਂ ਨੂੰ ਔਰਤਾਂ ਲਈ ਰਾਖਵੇਂਕਰਨ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ, ਮਿਲ ਕੇ ਕੰਮ ਕਰਨ ਦਾ ਸੱਦਾ ਦਿੱਤਾ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਗਰੀਬ ਅਤੇ ਮੱਧ ਵਰਗੀ ਪਰਿਵਾਰਾਂ ਦੇ ਵਿਦਿਆਰਥੀਆਂ ਲਈ, ਮੁਫ਼ਤ ਔਨਲਾਈਨ ਕੋਚਿੰਗ ਦਾ ਐਲਾਨ ਕੀਤਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਇਸ ਪਹਿਲ ਦਾ ਉਦੇਸ਼, ਮੁਕਾਬਲਾ ਪ੍ਰੀਖਿਆਵਾਂ ਦੀ ਤਿਆਰੀ ਕਰਨ ਵਾਲੇ ਵਿਦਿਆਰਥੀਆਂ 'ਤੇ ਮਾਲੀ ਬੋਝ ਨੂੰ ਘਟਾਉਣਾ ਏ। ਉਨ੍ਹਾਂ ਕਿਹਾ ਕਿ ਦੇਸ਼ ਦੇ ਚੋਟੀ ਦੇ ਅਧਿਆਪਕ ਸਭਨਾ ਲਈ ਮਿਆਰੀ ਸਿੱਖਿਆ ਨੂੰ ਪਹੁੰਚਯੋਗ ਬਣਾਉਣ ਵਿੱਚ, ਮਹੱਤਵਪੂਰਨ ਭੂਮਿਕਾ ਨਿਭਾਉਣਗੇ। ਪ੍ਰਧਾਨ ਮੰਤਰੀ ਨੇ ਕਿਹਾ ਕਿ ਇਸ ਕਦਮ ਨਾਲ, ਮੱਧ ਵਰਗੀ ਪਰਿਵਾਰਾਂ ਦੇ ਕੋਚਿੰਗ 'ਤੇ ਖਰਚ ਹੋਣ ਵਾਲੇ ਹਜ਼ਾਰਾਂ ਕਰੋੜ ਰੁਪਏ ਦੀ ਬੱਚਤ ਹੋਵੇਗੀ।

**BYTE: PM COACHING**

ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਅਗਲੇ ਸਾਲ ਇੱਕ ਕਰੋੜ ਨੌਜਵਾਨਾਂ ਨੂੰ A.I ਹੁਨਰਾਂ ਵਿੱਚ, ਸਿਖਲਾਈ ਦੇਣ ਦਾ ਫੈਸਲਾ ਕੀਤਾ ਏ। ਉਨ੍ਹਾਂ ਕਿਹਾ ਕਿ ਇਸ ਨਾਲ ਭਾਰਤ, ਆਲਮੀ ਪੱਧਰ 'ਤੇ A.I ਦੀ ਅਗਵਾਈ ਕਰ ਸਕੇਗਾ।

-----------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕੱਲ੍ਹ 80ਵੇਂ ਆਜ਼ਾਦੀ ਦਿਵਸ ਦੇ ਮੌਕੇ 'ਤੇ ਰਾਸ਼ਟਰਪਤੀ ਭਵਨ ਵਿਖੇ ਇੱਕ ਸਵਾਗਤੀ ਸਮਾਰੋਹ ਦੀ ਮੇਜ਼ਬਾਨੀ ਕੀਤੀ। ਸਮਾਰੋਹ ਵਿੱਚ, ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ, ਚੀਫ਼ ਜਸਟਿਸ ਸੂਰਿਆ ਕਾਂਤ, ਲੋਕ ਸਭਾ ਦੇ ਸਪੀਕਰ ਓਮ ਬਿਰਲਾ, ਕੇਂਦਰੀ ਮੰਤਰੀ, ਰਾਜਦੂਤ ਅਤੇ ਵੱਖ-ਵੱਖ ਸਰਕਾਰੀ ਯੋਜਨਾਵਾਂ ਦੇ ਲਾਭਪਾਤਰੀ ਸ਼ਾਮਲ ਹੋਏ। ਇਸ ਸਮਾਗਮ ਵਿੱਚ ਛੱਤੀਸਗੜ੍ਹ, ਗੋਆ, ਮੱਧ ਪ੍ਰਦੇਸ਼ ਅਤੇ ਮਹਾਰਾਸ਼ਟਰ ਦੀ ਅਮੀਰ ਅਤੇ ਜੀਵੰਤ ਰਵਾਇਤੀ ਕਲਾਵਾਂ ਅਤੇ ਸੱਭਿਆਚਾਰ ਦਾ ਪ੍ਰਦਰਸ਼ਨ ਕੀਤਾ ਗਿਆ।

-----------------------------------------------------------

ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅੱਜ ਤੋਂ ਤਾਮਿਲਨਾਡੂ ਦੇ ਦੋ ਦਿਨਾਂ ਦੌਰੇ 'ਤੇ ਹੋਣਗੇ। ਦੌਰੇ ਦੌਰਾਨ, ਉਹ ਚੇਨਈ, ਚੇਂਗਲਪੱਟੂ, ਤਿਰੂਵਰੂਰ

ਅਤੇ ਤੰਜਾਵੁਰ ਵਿੱਚ ਕਈ ਅਕਾਦਮਿਕ ਅਤੇ ਸਾਹਿਤਕ ਸਮਾਗਮਾਂ ਵਿੱਚ ਸ਼ਾਮਲ ਹੋਣਗੇ।

ਅੱਜ ਸ੍ਰੀ ਰਾਧਾਕ੍ਰਿਸ਼ਨਨ ਚੇਂਗਲਪੱਟੂ ਵਿੱਚ SRM Institute of Science and Technology ਦੇ 22ਵੇਂ ਕਨਵੋਕੇਸ਼ਨ ਸਮਾਰੋਹ ਵਿੱਚ ਸ਼ਾਮਲ ਹੋਣਗੇ।

---------------------------------------------------------------

ਕੇਂਦਰੀ ਗ੍ਰਿਹ ਅਤੇ ਸਹਿਕਾਰਤਾ ਮੰਤਰੀ, ਅਮਿਤ ਸ਼ਾਹ ਅੱਜ ਰਾਜਸਥਾਨ ਦੇ ਅਲਵਰ ਦਾ ਦੌਰਾ ਕਰਨਗੇ। ਉਹ ਅਲਵਰ ਸਰਸ ਡੇਅਰੀ ਕੰਪਲੈਕਸ ਵਿਖੇ, ਇੱਕ ਨਵੇਂ ਡੇਅਰੀ ਪਲਾਂਟ ਦਾ ਨੀਂਹ ਪੱਥਰ ਰੱਖਣਗੇ। ਸ੍ਰੀ ਸ਼ਾਹ ਵੱਖ-ਵੱਖ ਦੁੱਧ ਯੂਨੀਅਨਾਂ ਦੇ ਡੇਅਰੀ ਪ੍ਰੋਸੈਸਿੰਗ ਅਤੇ ਪਸ਼ੂ ਆਹਾਰ ਪਲਾਂਟਾਂ ਦਾ ਈ-ਉਦਘਾਟਨ ਵੀ ਕਰਨਗੇ। ਦੌਰੇ ਦੌਰਾਨ, ਰਾਜਸਥਾਨ ਦੇ 17 ਜ਼ਿਲ੍ਹਿਆਂ ਵਿੱਚ, 6 ਹਜ਼ਾਰ 262 ਕਰੋੜ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਦਾ ਈ-ਉਦਘਾਟਨ ਕੀਤਾ ਜਾਵੇਗਾ ਅਤੇ ਨੀਂਹ ਪੱਥਰ ਰੱਖੇ ਜਾਣਗੇ। ਰੋਜ਼ਗਾਰ ਉਤਸਵ ਤਹਿਤ, 10 ਹਜ਼ਾਰ 500 ਤੋਂ ਵੱਧ ਨਵੇਂ ਭਰਤੀ ਕੀਤੇ ਮੁਲਾਜ਼ਮਾਂ ਨੂੰ ਨਿਯੁਕਤੀ ਪੱਤਰ ਵੀ ਦਿੱਤੇ ਜਾਣਗੇ।

ਸ੍ਰੀ ਸ਼ਾਹ ਨਵੇਂ ਕੇਂਦਰੀ ਸਹਿਕਾਰੀ ਬੈਂਕਾਂ ਦੇ ਗਠਨ ਦਾ ਐਲਾਨ ਕਰਨਗੇ ਅਤੇ ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਅਤੇ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਸਮੇਤ ਵੱਖ-ਵੱਖ ਭਲਾਈ ਯੋਜਨਾਵਾਂ ਦੇ ਲਾਭਪਾਤਰੀਆਂ ਨੂੰ ਸਿਧੇ ਲਾਭ ਤਬਾਦਲੇ ਰਾਹੀਂ, ਰਾਸ਼ੀ ਭੇਜਣਗੇ।

---

ਸਿਧੇ ਟੈਕਸਾਂ ਬਾਰੇ ਕੇਂਦਰੀ ਬੋਰਡ, CBDT ਨੇ ਛੋਟੇ ਕਰਦਾਤਾਵਾਂ ਲਈ, ''ਵਿਦੇਸ਼ੀ ਸੰਪਤੀ ਖੁਲਾਸਾ ਯੋਜਨਾ'' ਨਿਯਮ, 2026 ਨੋਟੀਫਾਈ ਕੀਤੇ ਨੇ। ਇਸ ਤਹਿਤ, ਯੋਗ ਟੈਕਸਦਾਤਾ, ਨਿਰਧਾਰਤ ਟੈਕਸ ਜਾਂ ਫੀਸ ਅਦਾ ਕਰਕੇ, ਅਣ-ਐਲਾਨੀ ਵਿਦੇਸ਼ੀ ਸੰਪਤੀ ਜਾਂ ਆਮਦਨ ਬਾਰੇ ਜਾਣਕਾਰੀ ਦੇ ਸਕਦੇ ਨੇ। ਇਹ ਸਕੀਮ ਅੱਜ ਤੋਂ ਲਾਗੂ ਹੋਵੇਗੀ ਅਤੇ ਇਸ ਤਹਿਤ ਜਾਣਕਾਰੀ ਦੇਣ ਦੀ ਆਖਰੀ ਤਰੀਕ 31 ਦਸੰਬਰ ਏ। ਇਸ ਤਰੀਕ ਤੋਂ ਬਾਅਦ, ਕੋਈ ਵੀ ਜਾਣਕਾਰੀ ਦਾਖਲ ਨਹੀਂ ਕੀਤੀ ਜਾ ਸਕੇਗੀ।

ਕਰਦਾਤਾਵਾਂ ਵਿੱਚ ਜਾਗਰੂਕਤਾ ਵਧਾਉਣ ਅਤੇ ਇਸ ਸਕੀਮ ਬਾਰੇ ਬਿਹਤਰ ਸਮਝ ਨੂੰ ਸੁਖਾਲਾ ਦੇ ਆਪਣੇ ਲਗਾਤਾਰ ਨਿਰੰਤਰ ਯਤਨਾਂ ਦੇ ਹਿੱਸੇ ਵਜੋਂ, ਆਮਦਨ ਟੈਕਸ ਵਿਭਾਗ ਨੇ ਇਸ ਸਕੀਮ ਅਤੇ ਨਿਯਮਾਂ ਬਾਰੇ ਅਕਸਰ ਪੁੱਛੇ ਜਾਂਦੇ ਸਵਾਲਾਂ (FAQs) ਦਾ ਇੱਕ ਵੇਰਵੇ ਸਹਿਤ ਦਸਤਾਵੇਜ਼ ਜਾਰੀ ਕੀਤਾ ਏ।

---

ਦੇਸ਼ ਅੱਜ ਸਾਬਕਾ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਨੂੰ ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਭੇਂਟ ਕਰ ਰਿਹਾ ਏ। ਭਾਰਤੀ ਜਨਤਾ ਪਾਰਟੀ ਦੇ ਵੱਡੇ ਨੇਤਾ ਅਤੇ ਸਾਬਕਾ ਪ੍ਰਧਾਨ ਮੰਤਰੀ ਦਾ 2018 ਵਿੱਚ ਅੱਜ ਹੀ ਦੇ ਦਿਨ ਦਿਹਾਂਤ ਹੋ ਗਿਆ ਸੀ। ਅਟਲ ਬਿਹਾਰੀ ਵਾਜਪਾਈ ਤਿੰਨ ਵਾਰ ਪ੍ਰਧਾਨ ਮੰਤਰੀ ਰਹੇ। 1996 ਵਿੱਚ ਉਨ੍ਹਾਂ ਦਾ ਪਹਿਲਾ ਕਾਰਜਕਾਲ ਸਿਰਫ਼

13 ਦਿਨ ਚੱਲਿਆ। ਫਿਰ ਉਨ੍ਹਾਂ ਨੇ 1998 ਤੋਂ 1999 ਤੱਕ ਲਗਭਗ 11 ਮਹੀਨੇ ਪ੍ਰਧਾਨ ਮੰਤਰੀ ਵਜੋਂ ਸੇਵਾ ਨਿਭਾਈ। ਉਨ੍ਹਾਂ ਨੇ 1999 ਤੋਂ 2004 ਤੱਕ ਆਪਣਾ ਕਾਰਜਕਾਲ ਪੂਰਾ ਕੀਤਾ। 2015 ਵਿੱਚ, ਉਨ੍ਹਾਂ ਨੂੰ ਦੇਸ਼ ਦੇ ਸਰਬਉੱਚ ਨਾਗਰਿਕ ਸਨਮਾਨ, ਭਾਰਤ ਰਤਨ ਨਾਲ ਸਨਮਾਨਿਤ ਕੀਤਾ ਗਿਆ।

-----------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਰਾਸ਼ਟਰੀ ਰਾਜਧਾਨੀ ਵਿੱਚ, ਸਾਬਕਾ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਦੀ ਸਮਾਧੀ 'ਸਦੈਵ ਅਟਲ' 'ਤੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ। ਇਸ ਮੌਕੇ ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ, ਰਾਜ ਸਭਾ ਦੇ ਉਪ-ਸਭਾਪਤੀ ਹਰੀਵੰਸ਼, ਲੋਕ ਸਭਾ ਸਪੀਕਰ ਓਮ ਬਿਰਲਾ, ਕੇਂਦਰੀ ਮੰਤਰੀ ਰਾਜਨਾਥ ਸਿੰਘ, ਦਿੱਲੀ ਦੇ ਮੁੱਖ ਮੰਤਰੀ ਰੇਖਾ ਗੁਪਤਾ ਅਤੇ ਬੀਜੇਪੀ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਵੀਨ ਵੀ ਮੌਜੂਦ ਸਨ।

-----------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਾਬਕਾ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਨੂੰ ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਭੇਂਟ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਸਾਂਝੀ ਕਰਦਿਆਂ, ਸ਼੍ਰੀ ਮੋਦੀ ਨੇ ਵਾਜਪਾਈ ਨੂੰ ਇੱਕ

ਅਸਾਧਾਰਨ ਦੂਰਦਰਸ਼ੀ ਅਤੇ ਇੱਕ ਸ਼ਾਨਦਾਰ ਰਾਜਨੇਤਾ ਦੱਸਿਆ, ਜਿਨ੍ਹਾਂ ਨੇ ਆਪਣਾ ਜੀਵਨ ਦੇਸ਼ ਦੀ ਸੇਵਾ ਲਈ ਸਮਰਪਿਤ ਕੀਤਾ। ਉਨ੍ਹਾਂ ਕਿਹਾ ਕਿ ਸਾਬਕਾ ਪ੍ਰਧਾਨ ਮੰਤਰੀ ਦੇ ਸ਼ਬਦਾਂ ਨੇ ਕਈ ਪੀੜ੍ਹੀਆਂ ਨੂੰ ਪ੍ਰੇਰਿਤ ਕੀਤਾ ਅਤੇ ਉਨ੍ਹਾਂ ਦੀ ਅਗਵਾਈ ਨੇ ਦੇਸ਼ ਨੂੰ ਮਜ਼ਬੂਤ  ਬਣਾਇਆ।

---

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵੀ ਸਾਬਕਾ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਨੂੰ ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਭੇਂਟ ਕੀਤੀ।

---

ਨੈਸ਼ਨਲ ਟੈਸਟਿੰਗ ਏਜੰਸੀ, NTA ਅੱਜ UGC-NET ਜੂਨ 2026, CSIR-NET ਅਤੇ ICAR ਆਲ ਇੰਡੀਆ ਦਾਖਲਾ ਪ੍ਰੀਖਿਆ ਲਈ ਆਰਜ਼ੀ ਉੱਤਰ ਕੁੰਜੀਆਂ ਜਾਰੀ ਕਰੇਗੀ. PHD ਪ੍ਰੋਗਰਾਮਾਂ ਲਈ ਆਲ ਇੰਡੀਆ ਕੰਪੀਟੀਟਿਵ ਪ੍ਰੀਖਿਆ ਲਈ ਉੱਤਰ ਕੁੰਜੀ ਵੀ ਅੱਜ ਜਾਰੀ ਕੀਤੀ ਜਾਵੇਗੀ। ਏਜੰਸੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ, ਆਰਜ਼ੀ ਉੱਤਰ ਕੁੰਜੀ, ਅਧਿਕਾਰਤ ਵੈੱਬਸਾਈਟ 'ਤੇ ਉਪਲਬਧ ਰਹੇਗੀ। ਏਜੰਸੀ ਨੇ ਉਮੀਦਵਾਰਾਂ ਨੂੰ ਸਿਰਫ਼ ਏਜੰਸੀ ਦੀ ਅਧਿਕਾਰਤ ਜਾਣਕਾਰੀ 'ਤੇ ਭਰੋਸਾ ਕਰਨ ਦੀ ਅਪੀਲ ਕੀਤੀ।

------------------------------------------------------------

ਜੰਮੂ-ਕਸ਼ਮੀਰ ਦੇ ਕਿਸ਼ਤਵਾੜ ਜ਼ਿਲ੍ਹੇ ਦੇ ਦਾਛਨ ਇਲਾਕੇ ਵਿੱਚ, ਕੱਲ੍ਹ ਇੱਕ ਵਾਹਨ ਦੇ ਸੜਕ ਤੋਂ ਫਿਸਲ ਕੇ ਚਨਾਬ ਨਦੀ ਵਿੱਚ ਡਿੱਗਣ ਕਾਰਨ, ਪੰਜ ਲੋਕਾਂ ਦੀ ਮੌਤ ਹੋ ਗਈ। ਸਾਡੇ ਜੰਮੂ ਵਾਲੇ ਪੱਤਰਕਾਰ ਨੇ ਦੱਸਿਆ ਕਿ ਵਾਹਨ ਯਾਨਵਾਨ, ਡੰਗਡਰੂ ਤੋਂ ਸਾਉਂਡਰ ਵੱਲ ਜਾ ਰਿਹਾ ਸੀ।

ਪੁਲਿਸ ਟੀਮਾਂ ਅਤੇ ਸਥਾਨਕ ਨਿਵਾਸੀਆਂ ਨੇ ਮੌਕੇ 'ਤੇ ਪਹੁੰਚ ਕੇ ਬਚਾਅ ਅਤੇ ਸਹਾਇਤਾ ਕਾਰਜ ਸ਼ੁਰੂ ਕੀਤੇ। ਘਟਨਾ ਸਥਾਨ ਤੋਂ ਪੰਜ ਲਾਸ਼ਾਂ ਬਰਾਮਦ ਕੀਤੀਆਂ ਗਈਆਂ ਨੇ।

ਉਪ ਰਾਜਪਾਲ ਮਨੋਜ ਸਿਨਹਾ, ਮੁੱਖ ਮੰਤਰੀ ਉਮਰ ਅਬਦੁੱਲਾ ਅਤੇ ਪ੍ਰਧਾਨ ਮੰਤਰੀ ਦਫ਼ਤਰ ਵਿੱਚ ਰਾਜ ਮੰਤਰੀ ਡਾ. ਜਿਤੇਂਦਰ ਸਿੰਘ ਨੇ ਹਾਦਸੇ ਵਿੱਚ ਲੋਕਾਂ ਦੀ ਮੌਤ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਏ।

------------------------------------------------------------

FIH ਹਾਕੀ ਵਿਸ਼ਵ ਕੱਪ ਵਿੱਚ, ਕੱਲ੍ਹ ਨੀਦਰਲੈਂਡ ਦੇ Amstelveen ਵਿੱਚ, ਗਰੁੱਪ-ਡੀ ਦੇ ਇੱਕ ਮੈਚ ਵਿੱਚ, ਭਾਰਤ ਨੇ ਵੇਲਜ਼ ਨੂੰ 3-1 ਨਾਲ ਹਰਾ ਦਿੱਤਾ ਏ।

ਭਾਰਤ ਵੱਲੋਂ ਕਪਤਾਨ ਹਰਮਨਪ੍ਰੀਤ ਸਿੰਘ ਨੇ ਦੋ ਗੋਲ ਕੀਤੇ, ਜਦਕਿ ਤੀਜਾ ਗੋਲ ਸੰਜੇ ਰਾਣਾ ਨੇ ਕੀਤਾ।

---

ਕ੍ਰਿਕੇਟ ਵਿੱਚ, ਭਾਰਤ ਅੱਜ ਸ੍ਰੀਲੰਕਾ ਵਿਰੁੱਧ Galle ਇੰਟਰਨੈਸ਼ਨਲ ਸਟੇਡੀਅਮ ਵਿੱਚ ਖੇਡੇ ਜਾ ਰਹੇ ਪਹਿਲੇ ਟੈਸਟ ਦੇ ਦੂਜੇ ਦਿਨ, ਆਪਣੀ ਪਹਿਲੀ ਪਾਰੀ ਦੋ ਵਿਕਟਾਂ 'ਤੇ 288 ਦੌੜਾਂ ਦੇ ਸਕੋਰ ਤੋਂ ਅੱਗੋਂ ਖੇਡਣਾ ਸ਼ੁਰੂ ਕਰੇਗਾ। ਕੱਲ੍ਹ ਦੀ ਖੇਡ ਖ਼ਤਮ ਹੋਣ ਤੱਕ, ਦੇਵਦੱਤ ਪਡਿੱਕਲ 131 ਅਤੇ ਰਿਸ਼ਭ ਪੰਤ 27 ਦੌੜਾਂ ਨਾਲ ਕ੍ਰੀਜ਼ 'ਤੇ ਸਨ। ਕੇ.ਐਲ ਰਾਹੁਲ ਨੇ 77 ਦੌੜਾਂ ਦਾ ਯੋਗਦਾਨ ਪਾਇਆ। ਮੀਂਹ ਕਾਰਨ ਕੱਲ੍ਹ ਸਿਰਫ਼ 73 ਓਵਰਾਂ ਦੀ ਖੇਡ ਹੀ ਹੋ ਸਕੀ।

ਪਹਿਲਾਂ ਭਾਰਤ ਨੇ ਟਾਸ ਜਿੱਤ ਕੇ, ਬੱਲੇਬਾਜ਼ੀ ਕਰਨ ਦਾ ਫੈਸਲਾ ਕੀਤਾ।

---

ਇੰਡੋਨੇਸ਼ੀਆ ਵਿੱਚ ਫਲੋਰੇਸ ਦੇ ਤੱਟ 'ਤੇ ਆਏ 7.7 ਤੀਬਰਤਾ ਦੇ ਸ਼ਕਤੀਸ਼ਾਲੀ ਭੂਚਾਲ ਵਿੱਚ ਮਰਨ ਵਾਲਿਆਂ ਦੀ ਗਿਣਤੀ 47 ਹੋ ਗਈ ਏ। ਭੂਚਾਲ ਤੋਂ ਬਾਅਦ ਦਰਜਨਾਂ ਝਟਕੇ ਮਹਿਸੂਸ ਕੀਤੇ ਗਏ। ਰਾਹਤ ਅਤੇ ਬਚਾਅ ਟੀਮਾਂ ਸਭ ਤੋਂ ਵੱਧ ਪ੍ਰਭਾਵਿਤ ਇਲਾਕਿਆਂ ਤੱਕ ਪਹੁੰਚਣ ਦੀ ਕੋਸ਼ਿਸ਼ ਕਰ ਰਹੀਆਂ ਨੇ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸੰਸਦ ਅਤੇ ਰਾਜ ਵਿਧਾਨ ਸਭਾਵਾਂ ਵਿੱਚ ਔਰਤਾਂ ਲਈ ਰਾਖਵਾਂਕਰਨ ਲਾਗੂ ਕਰਨ ਲਈ ਸਾਰੀਆਂ ਸਿਆਸੀ ਪਾਰਟੀਆਂ ਨੂੰ ਸਹਿਯੋਗ ਕਰਨ ਦੀ ਅਪੀਲ ਕੀਤੀ ਏ।

- ਪ੍ਰਧਾਨ ਮੰਤਰੀ ਨੇ ਗਰੀਬ ਅਤੇ ਮੱਧ ਵਰਗੀ ਪਰਿਵਾਰਾਂ ਦੇ ਵਿਦਿਆਰਥੀਆਂ ਲਈ ਮੁਫ਼ਤ ਔਨਲਾਈਨ ਕੋਚਿੰਗ ਦਾ ਐਲਾਨ ਕੀਤਾ। ਅਗਲੇ ਇੱਕ ਸਾਲ ਵਿੱਚ, ਇੱਕ ਕਰੋੜ ਨੌਜਵਾਨਾਂ ਨੂੰ ARTIFICIAL INTELLIGENCE ਦੀ ਸਿਖਲਾਈ ਦਿੱਤੀ ਜਾਵੇਗੀ।

- ਸਿਧੇ ਟੈਕਸਾਂ ਬਾਰੇ ਕੇਂਦਰੀ ਬੋਰਡ, CBDT ਨੇ ਛੋਟੇ ਕਰਦਾਤਾਵਾਂ ਲਈ, ''ਵਿਦੇਸ਼ੀ ਸੰਪਤੀ ਖੁਲਾਸਾ ਯੋਜਨਾ'' ਨਿਯਮ, 2026 ਨੋਟੀਫਾਈ ਕੀਤੇ ਨੇ।

- ਦੇਸ਼ ਅੱਜ ਸਾਬਕਾ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਨੂੰ ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਭੇਂਟ ਕਰ ਰਿਹਾ ਏ।

- ਨੈਸ਼ਨਲ ਟੈਸਟਿੰਗ ਏਜੰਸੀ, NTA ਅੱਜ UGC-NET ਜੂਨ 2026, CSIR-NET ਅਤੇ ICAR ਦਾਖਲਾ ਪ੍ਰੀਖਿਆ ਲਈ, ਆਰਜ਼ੀ ਉੱਤਰ ਕੁੰਜੀਆਂ ਜਾਰੀ ਕਰੇਗੀ।

------------------------------------------------------------

ਇਸ ਦੇ ਨਾਲ ਹੀ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਦੁਪਹਿਰ ਬਾਅਦ 1 ਵਜ ਕੇ 10 ਮਿੰਟ 'ਤੇ ਹੋਏਗਾ। ਨਮਸਕਾਰ!